







ਖਿਲਾਫ ਮਜ਼ਦੂਰ ਮੁਕਤੀ ਮੋਰਚਾ ਪੰਜਾਬ

# ਕਰਤੱਵਾਂ ਦੇ ਪਾਲਣ ਨਾਲ ਦੂਜਿਆਂ ਦੇ ਅਧਿਕਾਰਾਂ ਨੂੰ ਸੁਰੱਖਿਆ ਮਿਲਦੀ ਹੈ : ਜੱਜ ਹਰੀਸ਼



ਸੈਮੀਨਾਰ ਨੂੰ ਸੰਬੋਧਨ ਕਰਦੇ ਬੁਲਾਰੇ ਅਤੇ ਹਾਜ਼ਰੀਨ। (ਜੱਸਲ)

ਮਾਨਸਾ, 14 ਅਕਤੂਬਰ (ਜੱਸਲ)- ਜਿੱਥੇ-ਜਿੱਥੇ ਨਾਗਰਿਕਾਂ ਦੇ ਅਧਿਕਾਰਾਂ ਦਾ ਸੁਆਲ ਮਹੱਤਵਪੂਰਨ ਹੈ, ਉੱਥੇ-ਉੱਥੇ ਭਾਰਤੀ ਸੰਵਿਧਾਨ ਅਨੁਸਾਰ ਨਾਗਰਿਕ ਦੇ ਕਰਤੱਵ ਵੀ ਹਨ। ਕਰਤੱਵਾਂ ਦੇ ਪਾਲਣ ਨਾਲ ਦੂਜਿਆਂ ਦੇ ਅਧਿਕਾਰਾਂ ਨੂੰ ਸੁਰੱਖਿਆ ਮਿਲਦੀ ਹੈ।

ਇਸ ਲਈ ਨਾਗਰਿਕ ਇਸ ਗੱਲ 'ਤੇ ਵਧੇਰੇ ਜ਼ੋਰ ਦੇਣ ਕਿ ਉਹ ਅਧਿਕਾਰਾਂ ਨੂੰ ਮੰਨਣ ਦੇ ਨਾਲ-ਨਾਲ ਆਪਣੇ ਕਰਤੱਵਾਂ ਦਾ ਪਾਲਣ ਵੀ ਕਰਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਸਥਾਨਕ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਵਿਖੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮਾਨਸਾ ਵੱਲੋਂ ਆਯੋਜਿਤ ਇਕ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਐਡੀਸ਼ਨਲ ਸਿਵਲ ਜੱਜ (ਸੀਨੀਅਰ ਡਵੀਜ਼ਨ) ਹਰੀਸ਼ ਕੁਮਾਰ ਨੇ ਕੀਤਾ।

ਉਨ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਗਠਨ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ। ਸੈਮੀਨਾਰ ਦੇ ਮੁੱਖ ਬੁਲਾਰੇ ਐਡਵੋਕੇਟ ਬਲਵੰਤ ਭਾਟੀਆ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਅਨੁਸੂਚਿਤ ਜਾਤੀਆਂ-ਜਨ ਜਾਤੀਆਂ, ਔਰਤਾਂ, ਬੱਚੇ, ਬੇਗਾਰ ਦੇ ਮਾਰੇ ਲੋਕ, ਕੁਦਰਤੀ ਆਫਤਾਂ ਤੋਂ ਪੀੜਤ ਲੋਕ, ਉਦਯੋਗਿਕ ਕਾਮੇ, ਮਾਨਸਿਕ ਰੋਗੀ-ਅਪੰਗ, ਜੇਲਾਂ ਵਿਚ ਬੰਦ ਲੋਕ ਅਤੇ ਤਿੰਨ ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਲੋਕ ਮੁਫਤ ਸਲਾਹ, ਮੁਫਤ ਵਕੀਲ ਅਤੇ ਮੁਫਤ ਕਾਨੂੰਨੀ ਖਰਚੇ ਹਾਸਲ ਕਰ ਸਕਦੇ ਹਨ। ਪਰ ਜਾਗਰੂਕਤਾ ਦੀ ਘਾਟ ਕਾਰਨ ਰਾਸ਼ਟਰੀ ਪੱਧਰ 'ਤੇ ਸਿਰਫ 0.6 ਫੀਸਦੀ ਲੋਕ ਹੀ ਇਸ ਦਾ ਲਾਭ ਲੈ ਰਹੇ ਹਨ।

ਸੈਮੀਨਾਰ ਦੌਰਾਨ ਆਏ ਮਹਿਮਾਨਾਂ ਦਾ ਸਵਾਗਤ ਪ੍ਰੋ. ਸੁਖਦੀਪ ਸਿੰਘ, ਪ੍ਰੋ. ਸੁਪਨਦੀਪ ਕੌਰ ਅਤੇ ਮੰਚ ਦਾ ਸੰਚਾਲਨ ਪ੍ਰੋ. ਕੁਲਦੀਪ ਚੌਹਾਨ ਨੇ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਪ੍ਰੋ. ਚਰਨਜੀਤ ਸਿੰਘ ਸਿੱਧੂ, ਪ੍ਰੋ. ਰਵਿੰਦਰ ਸਿੰਘ ਰਵੀ, ਡਾ. ਅਵਿਨਾਸ਼ ਕੁਮਾਰ, ਬਲਵਿੰਦਰ ਸਿੰਘ, ਤਰਸੇਮ ਪਸਰੀਚਾ ਆਦਿ ਨੇ ਵੀ ਸ਼ਮੂਲੀਅਤ ਕੀਤੀ।





ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਵਿਖੇ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਪ੍ਰੋ. ਸੁਖਦੀਪ ਸਿੰਘ, ਕੁਲਦੀਪ ਚੌਹਾਨ, ਸੁਪਨਦੀਪ ਕੌਰ, ਐਡਵੋਕੇਟ ਬਲਵੰਤ ਭਾਟੀਆ ਅਤੇ ਜੱਜ ਹਰੀਸ਼ ਕੁਮਾਰ। ਤਸਵੀਰਾਂ : ਸ਼ੈਮੀ ਮਾਨਸਾ

# ਅਧਿਕਾਰਾਂ ਦੀ ਅਸਲ ਪੂਰਤੀ ਕਰਤੱਵਾਂ ਦੀ ਪਾਲਣ ਨਾਲ ਹੀ ਸੰਭਵ - ਜੱਜ ਹਰੀਸ਼ ਕੁਮਾਰ

ਮਾਨਸਾ, 14 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ) - ਮਨੁੱਖੀ ਅਧਿਕਾਰਾਂ ਦੀ ਅਸਲੀ ਪੂਰਤੀ ਕਰਤੱਵਾਂ ਦੀ ਪਾਲਣਾ ਕਰ ਕੇ ਹੀ ਸੰਭਵ ਹੋ ਸਕਦੀ ਹੈ। ਨੌਜਵਾਨ ਪੀੜ੍ਹੀ ਜਾਗਰੂਕ ਹੋ ਕੇ ਕਰਤੱਵਾਂ ਨੂੰ ਸਮਝੇ ਤਾਂ ਹੀ ਨਿਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਹ ਪ੍ਰਗਟਾਵਾ ਸਥਾਨਕ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਮਾਨਸਾ ਵਲੋਂ ਕਰਵਾਏ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਹਰੀਸ਼ ਕੁਮਾਰ ਨੇ ਕੀਤਾ। ਉਨ੍ਹਾਂ ਮੁਫ਼ਤ ਕਾਨੂੰਨੀ ਸੇਵਾਵਾਂ ਦੀ

## ਨਹਿਰੂ ਕਾਲਜ 'ਚ ਸੈਮੀਨਾਰ ਕਰਵਾਇਆ

ਸੰਵਿਧਾਨਕ ਵਿਵਸਥਾ 'ਤੇ ਚਰਚਾ ਕਰਦਿਆਂ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਗਠਨ ਬਾਰੇ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਸੱਦਾ ਦਿੱਤਾ ਕਿ ਚੇਤਨ ਹੋ ਕੇ ਇਨ੍ਹਾਂ ਸੇਵਾਵਾਂ ਦਾ ਲਾਭ ਉਠਾਉਣ। ਮੁੱਖ ਬੁਲਾਰੇ ਐਡਵੋਕੇਟ ਬਲਵੰਤ ਭਾਟੀਆ ਨੇ ਇਤਿਹਾਸ ਅਤੇ ਮਿਥਿਹਾਸ ਦੇ ਪਰਿਪੇਖ 'ਚ ਗੰਭੀਰ ਚਰਚਾ ਕਰਦਿਆਂ ਕਈ ਮੁੱਦੇ ਉਠਾਏ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ-ਜਨ ਜਾਤੀਆਂ, ਔਰਤਾਂ, ਬੱਚੇ, ਬੇਗਾਰ ਦੇ ਮਾਰੇ ਅਤੇ ਕੁਦਰਤੀ ਆਫ਼ਤਾਂ ਤੋਂ ਪੀੜਤ ਲੋਕ, ਉਦਯੋਗਿਕ ਕਾਮੇ, ਮਾਨਸਿਕ ਰੋਗੀ-ਅਪੰਗ, ਜੇਲ੍ਹਾਂ ਵਿਚ ਬੰਦ ਲੋਕ ਅਤੇ 3 ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਲੋਕ ਮੁਫਤ ਕਾਨੂੰਨੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਖ਼ਾਸ ਕਰ ਕੇ ਲੜਕੀਆਂ ਨੂੰ ਅਧਿਕਾਰਾਂ ਤੋਂ ਜਾਗਰੂਕ ਹੋਣ 'ਤੇ ਜ਼ੋਰ ਦਿੱਤਾ। ਸੈਮੀਨਾਰ ਨੂੰ ਪ੍ਰੋ. ਸੁਖਦੀਪ ਸਿੰਘ, ਡਾ. ਸੁਪਨਦੀਪ ਕੌਰ ਅਤੇ ਪ੍ਰੋ. ਕੁਲਦੀਪ ਚੌਹਾਨ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕਾਰਜਕਾਰੀ ਪ੍ਰਿੰਸੀਪਲ ਚਰਨਜੀਤ ਸਿੰਘ ਸਿੱਧੂ, ਡਾ. ਰਵਿੰਦਰ ਸਿੰਘ, ਡਾ. ਅਵਿਨਾਸ਼ ਕੁਮਾਰ ਹਾਜ਼ਰ ਸਨ।

# ਸਿਵਲ ਹਸਪਤਾਲ ਮਾਨਸਾ ਵਿਖੇ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ

ਮਾਨਸਾ, 14 ਅਕਤੂਬਰ (ਗੁਰਚੇਤ ਸਿੰਘ ਫੱਤੇਵਾਲੀਆ) - ਸਿਹਤ ਵਿਭਾਗ ਵਲੋਂ ਸਿਵਲ ਹਸਪਤਾਲ ਮਾਨਸਾ ਵਿਖੇ ਸਿਵਲ ਸਰਜਨ ਡਾ. ਹਿਤਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੀਨੀਅਰ ਮੈਡੀਕਲ ਅਫ਼ਸਰ ਮਾਨਸਾ

ਤੰਬਾਕੂਨੋਸ਼ੀ ਅੱਖਾਂ ਤੇ ਸਰੀਰ ਦੇ ਵੱਖ-ਵੱਖ ਅੰਗਾਂ ਨੂੰ ਨੁਕਸਾਨ ਪਹੁੰਚਾਉਂਦੀ ਹੈ, ਇਸ ਲਈ ਤੰਬਾਕੂਨੋਸ਼ੀ ਤੋਂ ਗੁਰੇਜ਼ ਕੀਤਾ ਜਾਵੇ। ਪੜ੍ਹਨ ਵੇਲੇ ਘੱਟ ਰੌਸ਼ਨੀ 'ਚ ਨਹੀਂ ਪੜ੍ਹਨਾ ਚਾਹੀਦਾ ਅਤੇ ਮੋਬਾਈਲ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ।